# ਮੈਡਲ ਜਿੱਤਣ ਵਾਲੇ ਖਿਡਾਰੀ ਸਨਮਾਨਿਤ

**ਪੱਤਰ ਪ੍ਰੇਰਕ, ਅੰਮ੍ਰਿਤਸਰ :** ਖ਼ਾਲਸਾ ਕਾਲਜ ਦੇ ਖਿਡਾਰੀਆਂ ਨੇ ਵੱਖ ਵੱਖ ਖੇਡਾਂ ਡਿਸਕਸ ਥ੍ਰੋ ਤੇ ਹੈਂਡਬਾਲ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਤੇ ਜ਼ਿਲ੍ਹੇ ਦਾ ਨਾਂ ਰੌਸ਼ਨ ਕੀਤਾ ਹੈ, ਜਿਨ੍ਹਾਂ ਦਾ ਕਾਲਜ ਵਿਹੜੇ ਪੁੱਜਣ 'ਤੇ ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ ਨੇ ਖਿਡਾਰੀਆਂ ਦਾ ਆਪਣੇ ਦਫ਼ਤਰ ਵਿਖ ਮੂੰਹ ਮਿੱਠਾ ਕਰਵਾਇਆ ਤੇ ਭਵਿੱਖ ਹੋਰ ਉਚਾਈਆਂ ਛੂਹਣ ਦੀ ਕਾਮਨਾ ਕੀਤੀ।

ਉਨ੍ਹਾਂ ਕਿਹਾ ਕਿ ਕਾਲਜ ਦੇ ਵਿਦਿਆਰਥੀਆਂ ਨੇ ਡਿਸਕਸ ਥ੍ਰੋ ਤੇ ਹੈਂਡਬਾਲ 'ਚ ਕਮਾਲ ਦਾ ਖੇਡ ਦਾ ਮੁਜ਼ਾਹਰਾ ਕੀਤਾ ਹੈ। ਇਸ ਸਬੰਧੀ ਪ੍ਰਿੰ. ਡਾ. ਮਹਿਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਿਸਕਸ ਥ੍ਰੋ ਦੀ ਖਿਡਾਰਣ ਅਰਪਨਦੀਪ ਬਾਜਵਾ ਨੇ ਸਾਊਥ ਏਸ਼ੀਅਨ ਐਥਲੈਟਿਕਸ ਚੈਂਪੀਅਨ ਅੰਡਰ-20 'ਚ ਨਵਾਂ ਰਿਕਾਰਡ ਸਥਾਪਿਤ ਕਰਦਿਆਂ ਸੋਨੇ ਦਾ ਤਮਗਾ ਹਾਸਲ ਕੀਤਾ ਹੈ।

ਜਦ ਕਿ ਓਮਾਨ (ਸਲਾਲਾ) ਵਿਖੇ ਕਰਵਾਏ ਗਏ 16ਵੀਂ ਜੂਨੀਅਰ ਏਸ਼ੀਅਨ ਚੈਂਪੀਅਨਸ਼ਿਪ ਮੁਕਾਬਲੇ 'ਚ ਕਾਲਜ ਦੇ ਵਿਦਿਆਰਥੀ ਸ਼ਮਸ਼ੇਰ ਸਿੰਘ ਨੇ ਭਾਰਤੀ ਟੀਮ ਵੱਲੋਂ ਹੈਂਡਬਾਲ 'ਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਖੇਡ 'ਚ ਕੁਲ 16 ਟੀਮਾਂ ਨੇ ਹਿੱਸਾ ਲਿਆ।

ਉਨ੍ਹਾਂ ਕਿਹਾ ਕਿ ਜਾਪਾਨ ਦੇ ਸ਼ਹਿਰ ਜਿਫੂ 'ਚ ਅਰਪਨਦੀਪ ਕੌਰ ਨੇ ਏਸ਼ੀਅਨ ਐਥਲੈਟਿਕਸ ਚੈਂਪੀਅਨਸ਼ਿਪ ਅੰਡਰ-20 'ਚ ਬਰਾਊਨ ਮੈਡਲ ਤੇ ਫ਼ਿਨਲੈਂਡ ਦੇ ਸ਼ਹਿਰ ਟੈਂਪਰੇ 'ਚ ਵਰਲਡ ਐਥਲੈਟਿਕਸ ਚੈਂਪੀਅਨਸ਼ਿਪ ਅੰਡਰ-20 'ਚ ਭਾਰਤੀ ਟੀਮ ਵੱਲੋਂ ਹਿੱਸਾ ਲੈਂਦਿਆਂ ਡਿਸਕਸ ਥ੍ਰੋ ਦਾ ਵਧੀਆ ਮੁਜ਼ਾਹਰਾ ਕੀਤਾ। ਇਸ ਮੌਕੇ ਪ੍ਰਿੰ. ਡਾ. ਮਹਿਲ ਸਿੰਘ ਨੇ ਪੰਜਾਬ ਸਪੋਰਟਸ ਵਿਭਾਗ ਹੈਂਡਬਾਲ ਦੇ ਕੋਚ ਜਸਵੰਤ ਸਿੰਘ ਨੂੰ ਵਧਾਈ ਦਿੰਦਿਆਂ ਉਨ੍ਹਾਂ ਵੱਲੋਂ ਕਰਵਾਏ ਸਖ਼ਤ ਅਭਿਆਸ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਅਗਾਂਹ ਵੀ ਉਕਤ ਵਿਦਿਆਰਥੀ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਕਾਲਜ ਦੇ ਖੇਡ ਵਿਭਾਗ ਦੇ ਮੁਖੀ ਡਾ. ਦਲਜੀਤ ਸਿੰਘ, ਬਚਨਪਾਲ ਸਿੰਘ ਨੇ ਸ਼ਮਸ਼ੇਰ ਸਿੰਘ ਅਤੇ ਅਰਪਨਦੀਪ ਕੌਰ ਬਾਜਵਾ ਨੂੰ ਵਧਾਈ ਦਿੱਤੀ।



ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਮਹਿਲ ਸਿੰਘ ਖਿਡਾਰੀ ਸ਼ਮਸ਼ੇਰ ਸਿੰਘ ਅਤੇ ਅਰਪਨਦੀਪ ਕੌਰ ਬਾਜਵਾ ਦਾ ਮੂੰਹ ਮਿੱਠਾ ਕਰਵਾਉਂਦੇ ਹੋਏ ਨਾਲ ਹੋਰ।

**ਸਨਮਾਨ**

- **ਡਿਸਕਸ ਥ੍ਰੋ ਤੇ ਹੈਂਡਬਾਲ 'ਚ ਵਿਦਿਆਰਥੀਆਂ ਕੀਤਾ ਕਮਾਲ**
- **ਪ੍ਰਿੰ. ਡਾ. ਮਹਿਲ ਸਿੰਘ ਨੇ ਖਿਡਾਰੀ ਵੱਲੋਂ ਖੇਡ ਦੀ ਕੀਤੀ ਸ਼ਲਾਘਾ**

Scanned by CamScanner